# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :30-05-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 31 ਮਈ ਨੂੰ ਆਕਾਸ਼ਵਾਣੀ 'ਤੇ ਆਪਣੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼- ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 134ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖ਼ਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ।

ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਤ ਕਰੇਗਾ।

-----------------------------------------------------

ਪੰਜਾਬ ਵਿਚ ਨਗਰ ਨਿਗਮਾਂ ਤੇ ਨਗਰ ਕੌਂਸਲਾਂ ਦੀ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਅੱਜ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਸੱਦੀ ਗਈ ਏ। ਮੀਟਿੰਗ ਵਿਚ ਸੂਬੇ ਵਿਚ ਨਵੀਆਂ ਯੋਜਨਾਵਾਂ ਉੱਤੇ ਫੈਸਲੇ ਲੈਣ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

-----------------------------------------------------

ਪੰਜਾਬ ਨਗਰ ਨਿਗਮ ਚੋਣਾਂ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ ਨੇ 26 ਮਈ ਨੂੰ ਹੋਈਆਂ 8 ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 19 ਨਗਰ ਪੰਚਾਇਤਾਂ ਦੀਆਂ ਚੋਣਾਂ ਵਿੱਚ ਇਕ ਹਜ਼ਾਰ 977 ਵਾਰਡਾਂ ਵਿੱਚੋਂ 958 'ਤੇ ਵੱਡੀ ਜਿੱਤ ਦਰਜ ਕੀਤੀ ਏ। ਕਾਂਗਰਸ 397 ਵਾਰਡਾਂ ਤੇ ਜਿੱਤ ਨਾਲ ਦੂਜੇ ਸਥਾਨ 'ਤੇ ਰਹੀ। ਸ਼੍ਰੋਮਣੀ ਅਕਾਲੀ ਦਲ ਨੇ 192 ਵਾਰਡ ਜਦਕਿ ਬੀ.ਜੇ.ਪੀ. ਨੇ 172 ਅਤੇ ਬਹੁਜਨ ਸਮਾਜ ਪਾਰਟੀ ਨੂੰ

ਸਿਰਫ਼ 7 ਵਾਰਡਾਂ ਉੱਤੇ ਜਿੱਤ ਮਿਲੀ ਏ। ਦਿਲਚਸਪ ਗੱਲ ਇਹ ਏ ਕਿ ਆਜ਼ਾਦ ਉਮੀਦਵਾਰਾਂ ਨੇ 251 ਵਾਰਡ ਜਿੱਤ ਕੇ ਤੀਜਾ ਸਥਾਨ ਹਾਸਲ ਕੀਤਾ ਏ ਅਤੇ ਉਨ੍ਹਾਂ ਦੀ ਗਿਣਤੀ ਸ਼੍ਰੋਮਣੀ ਅਕਾਲੀ ਦਲ ਅਤੇ ਬੀ.ਜੇ.ਪੀ. ਤੋਂ ਵੀ ਵੱਧ ਏ । ਇਸ ਸ਼ਹਿਰੀ ਸੰਸਥਾਵਾਂ ਦੀਆਂ ਚੋਣਾਂ ਵਿੱਚ, ਕੁੱਲ 7 ਹਜ਼ਾਰ 554 ਉਮੀਦਵਾਰ ਚੋਣ ਮੈਦਾਨ ਵਿੱਚ ਸਨ।

-----------------------------------------------

ਭਾਰਤ ਦੇ ਚੋਣ ਕਮਿਸ਼ਨ ਨੇ ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ (ਐੱਸ.ਆਈ.ਆਰ.) ਅਧੀਨ ਵੋਟਰ ਸੂਚੀਆਂ ਦੇ ਪ੍ਰਕਾਸ਼ਨ ਸਬੰਧੀ ਸਮਾਂ-ਸਾਰਣੀ ਵਿੱਚ ਸੋਧ ਕੀਤੀ ਏ। ਪੰਜਾਬ ਦੀ ਮੁੱਖ ਚੋਣ ਅਧਿਕਾਰੀ ਅਨੰਦਿਤਾ ਮਿਤਰਾ ਨੇ ਕਮਿਸ਼ਨ ਵੱਲੋਂ ਜਾਰੀ ਇਸ ਅੰਸ਼ਕ ਸੋਧ ਸਬੰਧੀ ਪੱਤਰ ਦਾ ਹਵਾਲਾ ਦਿੰਦਿਆਂ ਕਿਹਾ ਏ ਕਿ ਪੰਜਾਬ ਵਿੱਚ ਖਰੜਾ ਵੋਟਰ ਸੂਚੀਆਂ 31 ਜੁਲਾਈ ਦੀ ਥਾਂ ਉੱਤੇ ਹੁਣ ਆਉਂਦੀ 3 ਅਗਸਤ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਇਸੇ ਤਰ੍ਹਾਂ, ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਮਿਆਦ ਹੁਣ ਆਉਂਦੀ 3 ਅਗਸਤ ਤੋਂ 2 ਸਤੰਬਰ ਤੱਕ ਹੋਵੇਗੀ। ਦਾਅਵਿਆਂ ਅਤੇ ਇਤਰਾਜ਼ਾਂ

ਸਬੰਧੀ ਨਿਬੇੜਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ। ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਬਾਕੀ ਸਮਾਂ-ਸਾਰਣੀ ਲੰਘੀ 14 ਮਈ ਨੂੰ ਜਾਰੀ ਨੋਟੀਫਿਕੇਸ਼ਨ ਪਹਿਲਾਂ ਵਾਂਗ ਹੀ ਜਾਰੀ ਰਹੇਗੀ।

-----------------------------------------------------------

ਪੰਜਾਬ ਵਿਚ ਅੱਜ ਸਵੇਰੇ ਹਲਕੀ ਤੋਂ ਦਰਮਿਆਨੀ ਬਾਰਿਸ਼ ਪੈਣ ਨਾਲ ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ ਏ। ਪਠਾਨਕੋਟ ਵਿਚ ਗੜੇ ਵੀ ਪਏ ਅਤੇ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ ਸਮੇਤ ਬਹੁਤ ਸਾਰੀਆਂ ਥਾਵਾਂ ਉੱਤੇ ਬਾਰਿਸ਼ ਤੋਂ ਬਾਅਦ ਮੌਸਮ ਖੁਸ਼ਨੁਮਾ ਹੋ ਗਿਆ। ਮੌਸਮ ਵਿਭਾਗ ਵੱਲੋਂ ਸਾਰੇ ਪੰਜਾਬ ਵਿਚ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਤੇਜ਼ ਹਵਾਵਾਂ ਚੱਲਣ ਸਬੰਧੀ ਯੈਲੋ ਤੇ ਆਰੈਂਜ ਅਲਰਟ ਜਾਰੀ ਕੀਤਾ ਗਿਆ ਏ। ਸਮਾਣਾ, ਪਟਿਆਲਾ, ਰਾਜਪੁਰਾ ਤੇ ਡੇਰਾਬੱਸੀ ਵਿਚ ਬਾਰਿਸ਼ ਪੈਣ ਸਬੰਧੀ ਰੈੱਡ ਅਲਰਟ ਜਾਰੀ ਕੀਤਾ ਗਿਆ ਏ। ਇਸ ਦੌਰਾਨ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਵਿਚ ਸ਼ੁੱਕਰਵਾਰ ਦੇ ਮੁਕਾਬਲੇ ਅੱਜ ਮਨਫੀ ਇਕ ਅਸ਼ਾਰੀਆ 4 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ ਕੀਤੀ ਗਈ। ਬੀਤੇ ਦਿਨ ਜਿੱਥੇ ਘੱਟੋ-ਘੱਟ ਤਾਪਮਾਨ

22 ਡਿਗਰੀ ਸੈਲਸੀਅਸ ਤੋਂ 26 ਡਿਗਰੀ ਸੈਲਸੀਅਸ ਦੇ ਦਰਮਿਆਨ ਸੀ, ਉੱਥੇ ਅੱਜ ਇਹ 18 ਤੋਂ 26 ਡਿਗਰੀ ਸੈਲਸੀਅਸ ਦਰਮਿਆਨ ਦਰਜ ਕੀਤਾ ਗਿਆ। ਪਠਾਨਕੋਟ ਦੇ ਥੀਨ ਡੈਮ ਇਲਾਕੇ ਵਿਚ ਘੱਟੋ-ਘੱਟ ਤਾਪਮਾਨ 18 ਅਸ਼ਾਰੀਆ 8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦਕਿ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿਚ 18 ਡਿਗਰੀ ਸੈਲਸੀਅਸ ਦਰਜ ਹੋਇਆ।

-----------------------------------------------------

IPL ਕ੍ਰਿਕਟ 'ਚ ਗੁਜਰਾਤ ਟਾਈਟਨਜ਼ ਦੀ ਟੀਮ ਮੁਕਾਬਲੇ ਦੇ ਫਾਈਨਲ ਵਿੱਚ ਪਹੁੰਚ ਗਈ ਏ । ਕੱਲ੍ਹ ਨਿਊ ਚੰਡੀਗੜ੍ਹ ਵਿੱਚ ਹੋਏ ਦੂਜੇ ਕੁਆਲੀਫਾਇਰ ਵਿੱਚ, ਗੁਜਰਾਤ ਟਾਈਟਨਜ਼, ਰਾਜਸਥਾਨ ਰਾਇਲਜ਼ ਨੂੰ 7 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ । ਗੁਜਰਾਤ ਟਾਈਟਨਜ਼ ਅਤੇ ਰਾਇਲ ਚੈਲੇਂਜਰਜ਼ ਬੰਗਲੁਰੂ ਵਿਚਕਾਰ ਫਾਈਨਲ ਅਹਿਮਦਾਬਾਦ ਵਿੱਚ ਕੱਲ੍ਹ ਸ਼ਾਮ ਸਾਢੇ 7 ਵਜੇ ਖੇਡਿਆ ਜਾਵੇਗਾ।

-----------------------------------------------------

ਭਾਰਤ ਅਤੇ ਇੰਗਲੈਂਡ ਵਿਚਕਾਰ ਦੂਜਾ ਟਵੰਟੀ -20 ਅੰਤਰਰਾਸ਼ਟਰੀ ਕ੍ਰਿਕਟ ਮੈਚ ਅੱਜ ਬ੍ਰਿਸਟਲ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7  ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਵੀਰਵਾਰ ਨੂੰ ਚੈਮਸ-ਫੋਰਡ ਵਿੱਚ ਪਹਿਲੇ ਮੈਚ ਵਿੱਚ ਮੇਜ਼ਬਾਨ ਇੰਗਲੈਂਡ ਨੂੰ 38 ਦੌੜਾਂ ਨਾਲ ਹਰਾ ਕੇ ਤਿੰਨ ਮੈਚਾਂ ਦੀ ਲੜੀ ਵਿੱਚ 1-0 ਦੀ ਲੀਡ ਲਈ ਏ ।

-----------------------------------------------------